# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :04-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਸਰਵਉੱਚ ਅਦਾਲਤ ਨੇ ਅਦਾਲਤਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਬਾਰੇ ਇੱਕ ਖਰੜਾ ਜਾਰੀ ਕੀਤਾ ।
- ਕੇਂਦਰੀ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਏਸ਼ੀਅਨ ਰਿਲੇਅ ਐਥਲੈਟਿਕਸ ਚੈਂਪੀਅਨਸ਼ਿਪ-2027 ਦੀਆਂ ਤਿਆਰੀਆਂ ਅਤੇ ਬੁਨਿਆਦੀ ਢਾਂਚੇ ਦੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਪਟਿਆਲਾ ਸਥਿਤ ਗੁਰਦੁਆਰਾ ਸ੍ਰੀ ਦੁਖ-ਨਿਵਾਰਨ ਸਾਹਿਬ ਨੂੰ ਪਰਸ਼ਾਦ ਵੰਡਣ ਲਈ ਵਰਤੇ ਜਾਣ ਵਾਲੇ ਰਵਾਇਤੀ ਪਲਾਸਟਿਕ ਬੈਗਾਂ ਨੂੰ ਵਾਤਾਵਰਣ ਅਨੁਕੂਲ ਬਣਾਉਣ ਦੀ ਅਪੀਲ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਜੱਥੇਬੰਦੀਆਂ ਨਾਲ ਮੁਲਾਕਾਤ- ਜਾਇਜ਼ ਮੰਗਾਂ ’ਤੇ ਜਲਦ ਕਾਰਵਾਈ ਦਾ ਦਿੱਤਾ ਭਰੋਸਾ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, 5 ਤੇ 6 ਜੂਨ ਨੂੰ ਗਰਜ ਚਮਕ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ।

## ਹੁਣ ਖ਼ਬਰਾਂ ਵਿਸਥਾਰ ਨਾਲ

ਸਰਵਉੱਚ ਅਦਾਲਤ ਨੇ ਅਦਾਲਤਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਬਾਰੇ ਇੱਕ ਖਰੜਾ ਜਾਰੀ ਕੀਤਾ ਏ। ਇਸ ਵਿਚ ਸਪੱਸ਼ਟ ਕੀਤਾ ਗਿਆ ਏ ਕਿ ਕੋਈ ਵੀ ਨਿਆਂਇਕ ਫੈਸਲਾ ਸਿਰਫ਼ ਏ.ਆਈ ਵਲੋਂ ਉਪਲਬਧ ਕਰਾਏ ਗਏ ਵਿਸ਼ਲੇਸ਼ਣ ਜਾਂ ਐਲਗੋਰਿਦਮ ਫੈਸਲੇ ਲੈਣ 'ਤੇ ਅਧਾਰਤ ਨਹੀਂ ਹੋ ਸਕਦਾ। ਇਸ ਮਹੀਨੇ ਦੀ 20 ਤਰੀਕ ਤੱਕ ਖਰੜੇ 'ਤੇ ਲੋਕਾਂ ਤੋਂ ਸੁਝਾਅ ਮੰਗੇ ਗਏ ਨੇ। ਖਰੜੇ ਚ ਏ.ਆਈ-ਸਹਾਇਤਾ ਪ੍ਰਾਪਤ ਕੰਮਾਂ ਜਿਵੇਂ ਕਿ ਕੇਸ ਪ੍ਰਬੰਧਨ, ਕਾਨੂੰਨੀ ਖੋਜ, ਦਸਤਾਵੇਜ਼ ਸੰਖੇਪ, ਅਨੁਵਾਦ ਦੀ ਇਜਾਜ਼ਤ ਦਿਤੀ ਗਈ ਏ ਪਰ ਇਸ ਵਿਚ ਇਹ ਲਾਜ਼ਮੀ ਕੀਤਾ ਗਿਆ ਏ ਕਿ ਸਾਰੇ ਨਿਆਂਇਕ ਕਾਰਜ ਮਨੁੱਖੀ ਕੰਟਰੋਲ ਅਧੀਨ ਰਹਿਣ। ਏਆਈ ਨੂੰ ਅਪਣਾਉਣ ਦੀ ਨਿਗਰਾਨੀ ਕਰਨ ਲਈ, ਡਰਾਫਟ

ਇੱਕ ਤਿੰਨ-ਪੱਧਰੀ ਨੇਮਬਦੀ ਵਿਧੀ ਦੀ ਤਜਵੀਜ਼ ਕਰਦਾ ਏ ਜਿਸ ਵਿੱਚ ਸੁਪਰੀਮ ਕੋਰਟ-ਪੱਧਰੀ ਅਥਾਰਟੀ, ਹਾਈ ਕੋਰਟ ਏ.ਆਈ ਕਮੇਟੀਆਂ, ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਖੋਜ ਅਤੇ ਉੱਤਮਤਾ ਕੇਂਦਰ ਸ਼ਾਮਲ ਹਨ।

---------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਸਥਿਤ ਐਥਲੈਟਿਕਸ ਟ੍ਰੈਕ ਸਪੋਰਟਸ ਕੰਪਲੈਕਸ ਦਾ ਦੌਰਾ ਕੀਤਾ । ਪ੍ਰਸ਼ਾਸਕ ਨੇ ਇਸ ਮੌਕੇ ਅਗਲੇ ਸਾਲ ਮਈ ਮਹੀਨੇ ਚੰਡੀਗੜ੍ਹ ਵਿੱਚ ਆਯੋਜਿਤ ਹੋਣ ਵਾਲੀ ਏਸ਼ੀਅਨ ਰਿਲੇਅ ਐਥਲੈਟਿਕਸ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ ਲਈ ਤਿਆਰੀਆਂ ਅਤੇ ਤਜਵੀਜ਼ਸ਼ੁਦਾ ਬੁਨਿਆਦੀ ਢਾਂਚੇ ਦੀਆਂ ਅਪਗ੍ਰੇਡੇਸ਼ਨ ਯੋਜਨਾਵਾਂ ਦੀ ਸਮੀਖਿਆ ਕੀਤੀ। ਦੌਰੇ ਦੌਰਾਨ ਪ੍ਰਸ਼ਾਸਕ ਨੇ ਸਪੋਰਟਸ ਕੰਪਲੈਕਸ ਵਿੱਚ ਉਪਲਬਧ ਮੌਜੂਦਾ ਸੁਵਿਧਾਵਾਂ ਦਾ ਨਿਰੀਖਣ ਕੀਤਾ ਅਤੇ ਇਸ ਵਕਾਰੀ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਦੇ ਸਫ਼ਲ ਆਯੋਜਨ ਲਈ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਤਜਵੀਜ਼ਸ਼ੁਦਾ ਵਿਕਾਸ ਕਾਰਜਾਂ 'ਤੇ ਅਧਿਕਾਰੀਆਂ ਨਾਲ ਚਰਚਾ ਕੀਤੀ। ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਦਰਸ਼ਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਬੈਠਣ ਦੀ ਢੁਕਵੀਂ ਵਿਵਸਥਾ ਯਕੀਨੀ ਬਣਾਉਣ 'ਤੇ ਜ਼ੋਰ ਦਿੰਦਿਆਂ ਅਧਿਕਾਰੀਆਂ

ਨੂੰ ਨਿਰਦੇਸ਼ ਦਿੱਤੇ । ਸ਼੍ਰੀ ਕਟਾਰੀਆ ਨੇ ਕਿਹਾ ਕਿ ਏਸ਼ੀਅਨ ਰਿਲੇਅ ਐਥਲੈਟਿਕਸ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ ਕਰਨਾ ਚੰਡੀਗੜ੍ਹ ਲਈ ਮਾਣ ਦਾ ਵਿਸ਼ਾ ਏ। ਉਨ੍ਹਾਂ ਨੇ ਕਿਹਾ ਕਿ ਇਸ ਚੈਂਪੀਅਨਸ਼ਿਪ ਨਾਲ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹ ਮਿਲੇਗਾ ਅਤੇ ਚੰਡੀਗੜ੍ਹ ਦੀ ਅੰਤਰਰਾਸ਼ਟਰੀ ਪੱਧਰ ਦੇ ਖੇਡ ਸਮਾਗਮਾਂ ਦੇ ਸਫ਼ਲ ਆਯੋਜਨ ਦੀ ਸਮਰੱਥਾ ਵੀ ਪ੍ਰਦਰਸ਼ਿਤ ਕਰਨ ਹੋਵੇਗੀ। ਚੰਡੀਗੜ੍ਹ ਦੇ ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਅਤੇ ਪੰਜਾਬ ਦੇ ਰਾਜਪਾਲ ਦੇ ਵਧੀਕ ਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ ਵੀ ਮੌਜੂਦ ਰਹੇ।

---------------------------------------------------

ਇਕੋ ਵਾਰ ਵਰਤੇ ਜਾਣ ਵਾਲੇ ਪਲਾਸਟਿਕ ਯਾਨੀ ਸਿੰਗਲ-ਯੂਜ਼ ਪਲਾਸਟਿਕ ਖਿਲਾਫ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਅਤੇ ਵਿਸ਼ਵ ਵਾਤਾਵਰਣ ਦਿਵਸ ਦੇ ਸਿਲਸਿਲੇ 'ਚ ਕੀਤੀਆਂ ਗਈਆਂ ਗਤੀਵਿਧੀਆਂ ਤਹਿਤ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਇੱਕ ਟੀਮ ਨੇ ਪਟਿਆਲਾ ਸਥਿਤ ਗੁਰਦੁਆਰਾ ਸ੍ਰੀ ਦੁਖ-ਨਿਵਾਰਨ ਸਾਹਿਬ, ਦਾ ਦੌਰਾ ਕੀਤਾ। ਟੀਮ ਨੇ ਧਾਰਮਿਕ ਗਤੀਵਿਧੀਆਂ ਦੌਰਾਨ ਪੈਦਾ ਹੋਣ ਵਾਲੇ ਪਲਾਸਟਿਕ ਦੇ ਕੂੜੇ ਨੂੰ ਘਟਾਉਣ ਦੇ ਉਪਾਵਾਂ ਬਾਰੇ ਚਰਚਾ ਕਰਨ ਲਈ ਹੈੱਡ ਗ੍ਰੰਥੀ ਜੀ ਅਤੇ ਗੁਰਦੁਆਰੇ ਦੇ ਪ੍ਰਬੰਧਨ ਨਾਲ ਮੁਲਾਕਾਤ ਕੀਤੀ। ਗੱਲਬਾਤ ਦੌਰਾਨ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਗੁਰਦੁਆਰਾ ਪ੍ਰਬੰਧਨ ਨੂੰ

ਅਪੀਲ ਕੀਤੀ ਕਿ ਉਹ ਪਰਸ਼ਾਦ ਵੰਡਣ ਲਈ ਵਰਤੇ ਜਾਣ ਵਾਲੇ ਰਵਾਇਤੀ ਪਲਾਸਟਿਕ ਬੈਗਾਂ ਨੂੰ ਵਾਤਾਵਰਣ ਅਨੁਕੂਲ ਕੰਪੋਸਟੇਬਲ ਬੈਗਾਂ ਨਾਲ ਬਦਲੇ ਅਤੇ ਇਸ ਤਬਦੀਲੀ ਨੂੰ ਇੱਕ ਸਥਾਈ ਅਭਿਆਸ ਵਜੋਂ ਸੰਸਥਾਗਤ ਬਣਾਇਆ ਜਾਵੇ। ਗੁਰਦੁਆਰਾ ਪ੍ਰਬੰਧਨ ਨੇ ਸਕਾਰਾਤਮਕ ਹੁੰਗਾਰਾ ਦਿੱਤਾ ਅਤੇ ਧਾਰਮਿਕ ਸੇਵਾ ਵਿੱਚ ਪਾਏਦਾਰ ਬਦਲ ਨੂੰ ਉਤਸ਼ਾਹਿਤ ਕਰਨ ਲਈ ਸਮਰਥਨ ਪ੍ਰਗਟ ਕੀਤਾ। ਇਹ ਪਹਿਲ ਪੰਜਾਬ ਭਰ ਵਿੱਚ ਵੱਡੇ ਧਾਰਮਿਕ ਇਕੱਠਾਂ ਵਿੱਚ ਪਲਾਸਟਿਕ ਦੇ ਕੂੜੇ ਨੂੰ ਘਟਾਉਣ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਵਿਆਪਕ ਯਤਨਾਂ 'ਤੇ ਅਧਾਰਤ ਏ । ਬੋਰਡ ਦਾ ਮੰਨਣਾ ਏ ਕਿ ਧਾਰਮਿਕ ਸੰਸਥਾਵਾਂ ਟਿਕਾਊ ਅਭਿਆਸਾਂ ਨੂੰ ਅਪਣਾ ਕੇ ਅਤੇ ਭਾਈਚਾਰਕ ਵਿਵਹਾਰ ਨੂੰ ਪ੍ਰਭਾਵਿਤ ਕਰਕੇ ਵਾਤਾਵਰਣ ਸੰਭਾਲ ਨੂੰ ਅੱਗੇ ਵਧਾਉਣ ਵਿੱਚ ਇੱਕ ਪਰਿਵਰਤਨਸ਼ੀਲ ਭੂਮਿਕਾ ਨਿਭਾ ਸਕਦੀਆਂ ਹਨ। ਬੋਰਡ ਸੂਬੇ ਭਰ ਦੀਆਂ ਧਾਰਮਿਕ ਸੰਸਥਾਵਾਂ ਨਾਲ ਜੁੜਨਾ ਜਾਰੀ ਰੱਖੇਗਾ ਅਤੇ ਪੰਜਾਬ ਦੇ ਗੁਰਦੁਆਰਿਆਂ ਵਿੱਚ ਪਰਸ਼ਾਦ ਵੰਡ ਅਤੇ ਹੋਰ ਧਾਰਮਿਕ ਗਤੀਵਿਧੀਆਂ ਲਈ ਕੰਪੋਸਟੇਬਲ ਵਿਕਲਪਾਂ ਨੂੰ ਅਪਣਾਉਣ ਦੀ ਸਹੂਲਤ ਦੇਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕਰੇਗਾ। ਇਹ ਪਹਿਲ ਪਲਾਸਟਿਕ ਪ੍ਰਦੂਸ਼ਣ ਨੂੰ ਘਟਾਉਣ ਅਤੇ ਭਾਈਚਾਰਕ ਭਾਗੀਦਾਰੀ, ਸੰਸਥਾਗਤ ਭਾਈਵਾਲੀ ਅਤੇ ਸਮੂਹਿਕ ਕਾਰਵਾਈ ਰਾਹੀਂ

ਵਾਤਾਵਰਣ ਲਈ ਜ਼ਿੰਮੇਵਾਰ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਬੋਰਡ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ।

-------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ 6 ਮੁਲਾਜ਼ਮ ਜਥੇਬੰਦੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਜਥੇਬੰਦੀਆਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਠੇਕੇ ’ਤੇ ਰੱਖੇ ਅਮਲੇ ਨੂੰ ਪੱਕਾ ਕਰਨ ਅਤੇ ਆਊਟ-ਸੋਰਸਡ ਕਰਮਚਾਰੀਆਂ ਨੂੰ ਠੇਕੇ ’ਤੇ ਤਬਦੀਲ ਕਰਨ ਦੀ ਪ੍ਰਕਿਰਿਆ ’ਤੇ ਸਰਗਰਮੀ ਨਾਲ ਕੰਮ ਕਰ ਰਹੀ ਏ , ਅਤੇ ਇਸ ਦੇ ਨਾਲ ਹੀ ਉਨ੍ਹਾਂ ਦੀਆਂ ਹੋਰ ਸਾਰੀਆਂ ਜਾਇਜ਼ ਮੰਗਾਂ ਨੂੰ ਵੀ ਜਲਦ ਪੂਰਾ ਕੀਤਾ ਜਾ ਰਿਹਾ ਏ। ਇਸ ਕਾਰਵਾਈ ਨੂੰ ਹੋਰ ਤੇਜ਼ ਕਰਨ ਦੀ ਹਦਾਇਤ ਕਰਦਿਆਂ ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਪ੍ਰਬੰਧਕੀ ਅਫ਼ਸਰਾਂ ਦੇ ਨਾਲ-ਨਾਲ ਅਮਲਾ ਅਤੇ ਵਿੱਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਸਾਰੀਆਂ ਜਾਇਜ਼ ਮੰਗਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ। ਵਿੱਤ ਮੰਤਰੀ ਨੇ 'ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ', 'ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ', 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ', 'ਪੰਜਾਬ ਰੋਡਵੇਜ਼, ਪਨਬਸ

ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ', ਸਮੇਤ ਹੋਰਨਾਂ ਦੇ ਨੁਮਾਇੰਦਿਆਂ ਨਾਲ ਇਹ ਚਰਚਾ ਕੀਤੀ।

---------------------------------------------------------------

ਪੰਜਾਬ ਸਰਕਾਰ ਵੱਲੋਂ ਨਹਿਰ ਨੂੰ ਸੁਰਜੀਤ ਕਰਨ ਨਾਲ ਸਾਲ 2025-26 ਦੌਰਾਨ ਬਿਸਤ-ਦੁਆਬ ਨਹਿਰੀ ਨੈੱਟਵਰਕ ਹੇਠ ਸਿੰਜਾਈ ਅਧੀਨ ਰਕਬੇ ’ਚ 167 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਏ । ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਵਿਸਥਾਰ ਨਾਲ ਇਕ ਲਖ 10 ਹਜ਼ਾਰ 762 ਏਕੜ ਹੋਰ ਰਕਬਾ ਨਹਿਰੀ ਸਿੰਜਾਈ ਅਧੀਨ ਲਿਆਂਦਾ ਗਿਆ ਹੈ, ਜਿਸ ਨਾਲ ਇਲਾਕੇ ਦੇ ਖੇਤੀ ਖੇਤਰ ਦੀ ਬੁਨਿਆਦ ਮਜ਼ਬੂਤ ਹੋਈ ਏ । ਇਨ੍ਹਾਂ ਯਤਨਾਂ ਨਾਲ ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਕੁਝ ਹਿੱਸਿਆਂ ’ਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਦੀ ਕਮੀ ਨੂੰ ਦੂਰ ਕਰਦਿਆਂ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ। ਸ੍ਰੀ ਗੋਇਲ ਨੇ ਕਿਹਾ ਕਿ ਰੋਪੜ ਹੈੱਡਵਰਕਸ ਤੋਂ ਨਿਕਲਣ ਵਾਲੇ ਇਸ ਨਹਿਰੀ ਨੈੱਟਵਰਕ, ਜਿਸ ’ਚ ਇਸ ਦੇ ਰਜਬਾਹੇ, ਮਾਈਨਰ ਤੇ ਖਾਲੇ ਸ਼ਾਮਲ ਹਨ, ਦੀ ਵਿਆਪਕ ਕਾਇਆ-ਕਲਪ ਕੀਤੀ ਗਈ ਹੈ। ਇਸ ਨਾਲ ਪਾਣੀ ਦੀ ਵੰਡ ਹੋਰ ਸੁਚਾਰੂ ਅਤੇ ਕੁਸ਼ਲ ਹੋਈ ਹੈ, ਜਿਸ ਨਾਲ ਸਿੰਜਾਈ ਹੇਠਲੇ ਰਕਬੇ ’ਚ ਕਾਫ਼ੀ ਵਾਧਾ ਹੋਇਆ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ

ਪਾਣੀ ਦੇ ਵਹਾਅ ਵਿੱਚ ਆਏ ਸੁਧਾਰ ਨੇ ਬਲਾਚੌਰ ਖੇਤਰ ’ਚ ਕਾਠਗੜ੍ਹ ਲਿਫਟ ਸਕੀਮ ਰਾਹੀਂ ਲਿਫਟ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਸ਼ਹੀਦ ਭਗਤ ਸਿੰਘ ਨਗਰ ਦੇ ਬੰਗਾ ਤੇ ਮੁਕੰਦਪੁਰ ਅਤੇ ਜਲੰਧਰ ਜ਼ਿਲ੍ਹੇ ਦੇ ਅੱਪਰਾ, ਨੂਰਮਹਿਲ, ਮਲਸੀਆਂ, ਨਕੋਦਰ, ਆਦਮਪੁਰ ਅਤੇ ਕਾਲਾ ਸੰਘਿਆਂ ਵਰਗੇ ਖੇਤਰਾਂ ’ਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਜਦਕਿ ਜਲੰਧਰ ਬ੍ਰਾਂਚ ਨਾਲ ਜੁੜੇ ਮੁੜ-ਸੁਰਜੀਤ ਕੀਤੇ ਰਜਬਾਹਿਆਂ ਨੇ ਆਖ਼ਰੀ ਖੇਤ ਤੱਕ ਪਾਣੀ ਦੀ ਵੰਡ ਵਿੱਚ ਵਾਧਾ ਕੀਤਾ ਹੈ। ਨਹਿਰ ਦੇ ਮਜ਼ਬੂਤੀਕਰਨ ਨਾਲ ਹੁਣ ਸ਼ਹਿਰੀ ਖੇਤਰ ਵਿੱਚ ਪਾਣੀ ਦੀਆਂ ਲੋੜਾਂ ਵੀ ਪੂਰੀਆਂ ਹੋ ਰਹੀਆਂ ਹੈ। ਸ਼ਹਿਰ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ’ਚ ਸੁਧਾਰ ਲਈ ਜਲੰਧਰ ਬ੍ਰਾਂਚ ਨੂੰ ਵਾਧੂ 150 ਕਿਊਸਿਕ ਪਾਣੀ ਅਲਾਟ ਕੀਤਾ ਗਿਆ ਹੈ। ਇਸ ਨਾਲ ਜਲੰਧਰ ਨਗਰ ਨਿਗਮ ਦੀ ਧਰਤੀ ਹੇਠਲੇ ਪਾਣੀ ’ਤੇ ਨਿਰਭਰਤਾ ਘਟ ਰਹੀ ਹੈ ਅਤੇ ਵਧੇਰੇ ਪਾਏਦਾਰ ਅਤੇ ਭਰੋਸੇਯੋਗ ਜਲ ਸਪਲਾਈ ਪ੍ਰਣਾਲੀ ਵਿਕਸਿਤ ਹੋ ਰਹੀ ਹੈ।

-----------------------------------------------------

ਕਪੂਰਥਲਾ  ਜ਼ਿਲ੍ਹੇ ਦੇ ਦਿਵਿਆਂਗਜਨਾਂ ਅਤੇ ਸੀਨੀਅਰ ਸਿਟੀਜ਼ਨਾਂ ਨੂੰ ਸਹਾਇਕ ਉਪਕਰਣ ਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਏ ਜਾਣ ਵਾਲੇ ਕੈਂਪਾਂ ਸੰਬਧੀ ਅੱਜ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਇੱਕ ਅਹਿਮ ਮੀਟਿੰਗ ਕੀਤੀ ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਦਿਵਿਆਂਗਜਨਾਂ ਅਤੇ ਸੀਨੀਅਰ ਸਿਟੀਜ਼ਨਾਂ ਦਾ ਇੱਕ ਪ੍ਰੀ-ਸਰਵੇ ਕਰਵਾਇਆ ਜਾਵੇ, ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਸ ਪ੍ਰਕਿਰਿਆ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮਕਸਦ ਯੋਗ ਵਿਅਕਤੀਆਂ ਦੀ ਸਹੀ ਪਛਾਣ, ਅਤੇ ਉਨ੍ਹਾਂ ਤੱਕ ਹਰ ਲੋੜੀਂਦੇ ਸਹਾਇਕ ਉਪਕਰਣਾਂ ਦੀ ਪਹੁੰਚ ਨੂੰ ਯਕੀਨੀ ਬਣਾਉਣਾ ਏ । ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਦਿਵਿਆਂਗਜਨ ਐਸੋਸੀਏਸ਼ਨਾਂ, ਸੀਨੀਅਰ ਸਿਟੀਜ਼ਨ ਐਸੋਸੀਏਸ਼ਨਾਂ ਅਤੇ ਹੋਰ ਸਮਾਜਿਕ ਸੰਗਠਨਾਂ ਨੂੰ ਵੀ ਇਸ ਮੁਹਿੰਮ ਦਾ ਹਿੱਸਾ ਬਣਾਇਆ ਜਾਵੇ, ਤਾਂ ਜੋ ਜ਼ਮੀਨੀ ਪੱਧਰ 'ਤੇ ਸਾਰੇ ਯੋਗ ਲਾਭਪਾਤਰੀਆਂ ਦੀ ਸਹੀ ਮੈਪਿੰਗ ਹੋ ਸਕੇ।

---------------------------------------------------

ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਮੌਸਮ ਵਿੱਚ ਹੋ ਰਹੇ ਨਿਰੰਤਰ ਬਦਲਾਅ ਸਦਕਾ ਵੱਧ ਤੋਂ ਵੱਧ ਤਾਪਮਾਨ ਵਿੱਚ ਆਈ ਗਿਰਾਵਟ ਨਾਲ ਕਈ ਥਾਵਾਂ 'ਤੇ ਪਾਰਾ 40 ਡਿਗਰੀ ਸੈਲਸੀਅਸ ਤੋਂ ਘੱਟ ਹੋ ਗਿਆ ਏ । ਅੱਜ ਵੀ ਇਨ੍ਹਾਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਤੇਜ਼ ਹਵਾਵਾਂ ਚੱਲੀਆਂ  ਅਤੇ ਕੁਝ ਥਾਵਾਂ ਤੇ ਬਾਰਿਸ਼ ਵੀ ਹੋਈ ਏ ।  ਮੌਸਮ ਵਿਭਾਗ ਨੇ 5 ਤੇ 6 ਜੂਨ ਨੂੰ ਗਰਜ ਚਮਕ ਨਾਲ ਤੇਜ਼ ਹਵਾਵਾਂ ਅਤੇ

ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ। ਪੰਜਾਬ ਵਿੱਚ ਅੱਜ ਵੱਧ ਤੋਂ ਵੱਧ ਤਾਪਮਾਨ 42.5 ਡਿਗਰੀ ਸੈਲਸੀਅਸ ਬਠਿੰਡਾ ਵਿੱਚ ਦਰਜ ਹੋਇਆ ਜਦ ਕਿ ਹਰਿਆਣਾ ਦੇ ਰੋਹਤਕ ਚ 43.1 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 38.9 ਡਿਗਰੀ ਸੈਲਸੀਅਸ ਰਿਹਾ ਏ।

---------------------------------------------------------------

ਫਾਜ਼ਿਲਕਾ ਦੀ ਵਿਦਿਆਰਥਣ ਅਮਾਨਤ ਕੰਬੋਜ ਨੇ ਹਾਂਗਕਾਂਗ 'ਚ ਹੋਈ ਅੰਤਰ-ਰਾਸ਼ਟਰੀ ਜੂਨੀਅਰ ਐਥਲੈਟਿਕਸ ਚੈਂਪੀਅਨਸ਼ਿਪ-2026 ਵਿੱਚ ਡਿਸਕਸ ਥ੍ਰੋ ਵਿੱਚ ਸੋਨ ਤਮਗਾ ਜਿੱਤ ਕੇ ਪੂਰੇ ਫਾਜ਼ਿਲਕਾ ਅਤੇ ਸੂਬੇ ਦਾ ਮਾਣ ਵਧਾਇਆ ਏ। ਅਮਾਨਤ 5 ਅਗਸਤ ਨੂੰ ਅਮਰੀਕਾ ਵਿੱਚ ਹੋਣ ਵਾਲੀ ਵਿਸ਼ਵ ਅਥਲੈਟਿਕਸ ਚੈਂਪੀਅਨਸ਼ਿਪ ਲਈ ਚੁਣੀ ਗਈ ਏ। ਅੱਜ ਅਮਾਨਤ ਦੇ ਫਾਜ਼ਿਲਕਾ ਪਹੁੰਚਣ 'ਤੇ, ਰਾਜਨੀਤਿਕ ਆਗੂਆਂ ਅਤੇ ਸਕੂਲ ਪ੍ਰਬੰਧਕਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ ਅਮਾਨਤ ਕੰਬੋਜ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਆਪਣਾ ਤਜਰਬਾ ਸਾਂਝਾ ਕੀਤਾ

BYTE

ਸਕੂਲ ਪ੍ਰਿੰਸੀਪਲ ਸੰਗੀਤਾ ਟਿੰਨਾ ਅਤੇ ਸਕੂਲ ਸਟਾਫ ਨੇ ਅਮਾਨਤ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ  ਉਸਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

---------------------------------------------------------

- ਸਰਵਉੱਚ ਅਦਾਲਤ ਨੇ ਅਦਾਲਤਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਬਾਰੇ ਇੱਕ ਖਰੜਾ ਜਾਰੀ ਕੀਤਾ ।
- ਕੇਂਦਰੀ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਏਸ਼ੀਅਨ ਰਿਲੇਅ ਐਥਲੈਟਿਕਸ ਚੈਂਪੀਅਨਸ਼ਿਪ-2027 ਦੀਆਂ ਤਿਆਰੀਆਂ ਅਤੇ ਬੁਨਿਆਦੀ ਢਾਂਚੇ ਦੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਪਟਿਆਲਾ ਸਥਿਤ ਗੁਰਦੁਆਰਾ ਸ੍ਰੀ ਦੁਖ-ਨਿਵਾਰਨ ਸਾਹਿਬ ਨੂੰ  ਪਰਸ਼ਾਦ ਵੰਡਣ ਲਈ ਵਰਤੇ ਜਾਣ ਵਾਲੇ ਰਵਾਇਤੀ ਪਲਾਸਟਿਕ ਬੈਗਾਂ ਨੂੰ ਵਾਤਾਵਰਣ ਅਨੁਕੂਲ ਬਣਾਉਣ ਦੀ ਅਪੀਲ ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਜੱਥੇਬੰਦੀਆਂ ਨਾਲ ਮੁਲਾਕਾਤ- ਜਾਇਜ਼ ਮੰਗਾਂ ’ਤੇ ਜਲਦ ਕਾਰਵਾਈ ਦਾ ਦਿੱਤਾ ਭਰੋਸਾ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, 5 ਤੇ 6 ਜੂਨ ਨੂੰ ਗਰਜ ਚਮਕ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ।

-----------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ !**